# ਪੰਜਾਬ ਸਕੂਲ ਸਿੱਖਿਆ ਬੋਰਡ
## ਨੋਟੀਫਿਕੇਸ਼ਨ

ਨੋਟੀ: ਨੰ:315-ਪਸਸਬ-5ਅਸ-ਅਮਲਾ-2018/3084ਮਿਤੀ:ਸਾਹਿਬਜ਼ਾਦਾ ਅਜੀਤ ਸਿੰਘ ਨਗਰ: 27/9/18

ਪੰਜਾਬ ਸਰਕਾਰ, ਪ੍ਰਸੋਨਲ ਵਿਭਾਗ, ਪ੍ਰਸੋਨਲ ਪਾਲਿਸੀ-2 ਸ਼ਾਖਾ ਵਲੋਂ ਜਾਰੀ ਪੱਤਰ ਨੰ. 13/1/2018-3ਪੀ.ਪੀ.2/240 ਮਿਤੀ 29.08.18 (**ਅਨੁਲੱਗ ਕ ਪੰਨਾ ਨੰ. 1 ਅਤੇ 2**) ਨੂੰ ਬੋਰਡ ਦਫਤਰ ਵਿੱਚ ਅਡਾਪਟ ਕਰਨ ਦੀ ਚੇਅਰਮੈਨ, ਪੰਜਾਬ ਸਕੂਲ ਸਿੱਖਿਆ ਬੋਰਡ ਵਲੋਂ ਪ੍ਰਵਾਨਗੀ ਦਿੱਤੀ ਜਾਂਦੀ ਹੈ।

ਮਿਤੀ: ਸਾਹਿਬਜ਼ਾਦਾ ਅਜੀਤ ਸਿੰਘ ਨਗਰ
24-09-2018

ਸਕੱਤਰ,
ਪੰਜਾਬ ਸਕੂਲ ਸਿੱਖਿਆ ਬੋਰਡ

ਪਿੱਠ ਅੰਕਣ ਨੰ:ਪਸਸਬ-5ਅਸ-ਅਮਲਾ-2018/3088-A ਮਿਤੀ:ਸਾਹਿਬਜ਼ਾਦਾ ਅਜੀਤ ਸਿੰਘ ਨਗਰ: 27/9/2018

ਉਪਰੋਕਤ ਦਾ ਉਤਾਰਾ ਨਿਮਨਲਿਖਤ ਨੂੰ ਸੂਚਨਾ ਅਤੇ ਯੋਗ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ:-

1) ਚੇਅਰਮੈਨ ਜੀ ਦੇ ਨਿੱਜੀ ਸਕੱਤਰ, ਵਾਈਸ ਚੇਅਰਮੈਨ ਅਤੇ ਸਕੱਤਰ ਜੀ ਦੇ ਨਿੱਜੀ ਸਹਾਇਕਾਂ ਨੂੰ, ਚੇਅਰਮੈਨ, ਵਾਈਸ ਚੇਅਰਮੈਨ ਅਤੇ ਸਕੱਤਰ ਜੀ ਦੀ ਸੂਚਨਾ ਹਿੱਤ;
2) ਸੰਯੁਕਤ ਸਕੱਤਰ, ਜਨਰਲ/ ਪ੍ਰੀਖਿਆਵਾਂ;
3) ਉਪ ਕੰਟਰੋਲਰ, ਲੋਕਲ ਆਡਿਟ;
4) ਸਮੂਹ ਸ਼ਾਖਾ ਮੁੱਖੀ;
5) ਸਹਾਇਕ ਸਕੱਤਰ (ਅਮਲਾ);
6) ਅਮਲਾ ਸੁਪਰਡੰਟ-1, 2, 3 ਅਤੇ 5;
7) ਅਮਲਾ ਸਹਾਇਕ-6
8) ਰਿਕਾਰਡਰ, ਅਮਲਾ ਸ਼ਾਖਾ;

ਪੰਜਾਬ ਸਕੂਲ ਸਿੱਖਿਆ ਬੋਰਡ ।

ਸੁਪਰਡੰਟ (ਅਮਲਾ-5) 27/9/18
ਵਾ: ਸਕੱਤਰ, ਪੰਜਾਬ ਸਕੂਲ ਸਿੱਖਿਆ ਬੋਰਡ।

ਨੰ:13/1/2018-3ਪੀਪੀ2/240

ਪੰਜਾਬ ਸਰਕਾਰ

ਪ੍ਰਸੋਨਲ ਵਿਭਾਗ

(ਪ੍ਰਸੋਨਲ ਪਾਲਿਸੀ-2 ਸਾਖਾ)

ਸੇਵਾ ਵਿਖੇ

ਪੰਜਾਬ ਰਾਜ ਦੇ ਸਮੂਹ ਵਿਭਾਗਾਂ ਦੇ ਮੁੱਖੀ,
ਡਵੀਜਨਾਂ ਦੇ ਕਮਿਸਨਰਜ,
ਰਜਿਸਟਰਾਰ, ਪੰਜਾਬ ਅਤੇ ਹਰਿਆਣਾ ਹਾਈਕੋਰਟ,
ਸਮੂਹ ਜਿਲ੍ਹਾ ਅਤੇ ਸੈਸਨਜ ਜੱਜ,
ਪੰਜਾਬ ਰਾਜ ਦੇ ਸਮੂਹ ਡਿਪਟੀ ਕਮਿਸਨਰਜ ਅਤੇ
ਸਮੂਹ ਉਪ ਮੰਡਲ ਅਫਸਰ (ਸਿਵਲ)।

ਮਿਤੀ, ਚੰਡੀਗੜ੍ਹ: 29.8.2018

ਵਿਸ਼ਾ:- ਅੰਗਹੀਣ ਉਮੀਦਵਾਰਾਂ ਨੂੰ ਟਾਈਪ ਟੈਸਟ ਦੀ ਨਿਪੁੰਨਤਾ ਵਿੱਚ ਛੋਟ/ਵਾਧੂ-ਸਮਾਂ ਦੇਣ ਸਬੰਧੀ।

*****

ਸ੍ਰੀਮਾਨ/ਸ੍ਰੀਮਤੀ ਜੀ,

ਉਪਰੋਕਤ ਵਿਸੇ ਸਬੰਧੀ ਮੈਨੂੰ ਆਪ ਦਾ ਧਿਆਨ ਪੰਜਾਬ ਸਰਕਾਰ, ਪ੍ਰਸੋਨਲ ਵਿਭਾਗ ਵੱਲੋਂ ਜਾਰੀ ਹਦਾਇਤਾਂ ਨੰ:4/17/79-1ਪੀ.ਪੀ./13274, ਮਿਤੀ 01.10.1985 ਅਤੇ ਹਦਾਇਤਾਂ ਨੰ:15/1/89-1ਪੀਪੀ2/19778, ਮਿਤੀ 2.11.89 ਵੱਲ ਦਿਵਾਉਣ ਦੀ ਹਦਾਇਤ ਹੋਈ ਹੈ, ਜਿਹਨਾਂ ਰਾਹੀਂ ਉਹਨਾਂ ਅੰਗਹੀਣ ਵਿਅਕਤੀਆਂ ਨੂੰ ਟਾਈਪਿੰਗ ਦੀ ਨਿਪੁੰਨਤਾ ਵਿੱਚ ਛੋਟ ਦਿੱਤੀ ਗਈ ਹੈ, ਜਿੱਥੇ ਸਿਵਲ ਸਰਜਨ ਵੱਲੋਂ ਤਸਦੀਕ ਕੀਤਾ ਹੋਵੇ ਕਿ ਉਮੀਦਵਾਰ ਜਿਸਮਾਨੀ ਤੌਰ ਤੇ ਟਾਈਪ ਕਰਨ ਵਿੱਚ ਅਸਮੱਰਥ ਹੈ।

2. ਸਮਾਜਿਕ ਸੁਰੱਖਿਆ ਅਤੇ ਇਸਤਰੀ ਤੇ ਬਾਲ ਵਿਕਾਸ ਵਿਭਾਗ ਤੋਂ ਪ੍ਰਾਪਤ ਸਲਾਹ ਦੇ ਮੱਦੇਨਜਰ ਸਰਕਾਰ ਵੱਲੋਂ ਉਪਰੋਕਤ ਹਦਾਇਤਾਂ ਨੂੰ ਮੁੜ ਦੁਹਰਾਉਂਦੇ ਹੋਏ ਇਹ ਵੀ ਫੈਸਲਾ ਲਿਆ ਗਿਆ ਹੈ ਕਿ ਜਿਹੜੇ ਅੰਗਹੀਣ ਵਿਅਕਤੀਆਂ ਨੂੰ ਉਕਤ ਹਦਾਇਤਾਂ ਅਨੁਸਾਰ ਟਾਈਪਿੰਗ ਦੀ ਨਿਪੁੰਨਤਾ ਤੋਂ ਮੁਕੰਮਲ ਛੋਟ ਨਹੀਂ ਮਿਲ ਸਕਦੀ ਹੈ (ਪਰ ਉਹ ਟਾਈਪ ਕਰ ਸਕਦੇ ਹਨ), ਉਹਨਾਂ ਨੂੰ ਟਾਈਪ ਟੈਸਟ ਵਿੱਚ ਹਰ 10 ਮਿੰਟਾਂ ਦੇ ਟੈਸਟ ਸਮੇਂ ਪਿੱਛੇ 3 ਮਿੰਟ ਅਤੇ 20 ਸੈਕਿੰਡ ਦਾ ਵਾਧੂ ਸਮਾਂ ਦਿੱਤਾ ਜਾਵੇਗਾ।

3. ਇਹਨਾਂ ਹਦਾਇਤਾਂ ਦੀ ਇੰਨ-ਬਿੰਨ ਪਾਲਣਾ ਕਰਨਾ ਯਕੀਨੀ ਬਣਾਇਆ ਜਾਵੇ।

ਵਿਸਵਾਸਪਾਤਰ

ਉਪ ਸਕੱਤਰ ਪ੍ਰਸੋਨਲ

ਇਸ ਦਾ ਇੱਕ ਉਤਾਰਾ ਸਮੂਹ ਵਿਸੇਸ ਮੁੱਖ ਸਕੱਤਰ/ਵਧੀਕ ਮੁੱਖ ਸਕੱਤਰ/ਵਿੱਤੀ ਕਮਿਸਨਰ/ਪ੍ਰਮੁੱਖ ਸਕੱਤਰ ਅਤੇ ਪ੍ਰਬੰਧਕੀ ਸਕੱਤਰ, ਪੰਜਾਬ ਸਰਕਾਰ ਨੂੰ ਸੂਚਨਾ ਅਤੇ ਅਗਲੇਰੀ ਯੋਗ ਕਾਰਵਾਈ ਕਰਨ ਹਿੱਤ ਭੇਜਿਆ ਜਾਂਦਾ ਹੈ।

ਉਪ ਸਕੱਤਰ ਪ੍ਰਸੋਨਲ

ਸੇਵਾ ਵਿਖੇ

ਸਮੂਹ ਵਿਸੇਸ ਮੁੱਖ ਸਕੱਤਰ/ ਵਧੀਕ ਮੁੱਖ ਸਕੱਤਰ/ਵਿੱਤੀ ਕਮਿਸਨਰ/
ਪ੍ਰਮੁੱਖ ਸਕੱਤਰ ਅਤੇ ਪ੍ਰਬੰਧਕੀ ਸਕੱਤਰ, ਪੰਜਾਬ ਸਰਕਾਰ।

ਅੰ.ਵਿ.ਪੱ.ਨੰ:13/1/2018-3ਪੀਪੀ2/241 ਮਿਤੀ, ਚੰਡੀਗੜ੍ਹ: 29.8.2018